**ਪਉੜੀ ॥ ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘਨਾਸ ॥ ਹੇ ਪੂਰਨ ਹੇ ਸਰਬ ਮੈ ਦੁਖ ਭੰਜਨ ਗੁਣਤਾਸ ॥ ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ ॥ ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ ॥ ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ ॥ ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ ॥ ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ ਗੁਨੁ ਨਹੀ ਕੋਇ ॥ ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ ॥੫੫॥ {ਪੰਨਾ 261}**

ਪਦਅਰਥ:- ਪਉੜੀ:- ਅਚੁਤ—{ÁXu—ਡਿੱਗ ਪੈਣਾ} ਅੱਚੁਤ, ਨਾਸ ਨਾਹ ਹੋਣ ਵਾਲਾ। ਅਘ — ਪਾਪ। ਸਰਬਮੈ—ਸਰਬ-ਵਿਆਪਕ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ। ਨਿਰੰਕਾਰ —ਆਕਾਰ-ਰਹਿਤ। ਨਿਰਗੁਣ—ਮਾਇਆ ਦੇ ਤਿੰਨ ਗੁਣਾਂ ਤੋਂ ਵੱਖਰਾ। ਨਿਧਾਨ —ਖ਼ਜ਼ਾਨਾ। ਬਿਬੇਕ—ਪਰਖ ਦੀ ਤਾਕਤ। ਅਪਰੰਪਰ—ਪਰੇ ਤੋਂ ਪਰੇ। ਹਹਿ ਭੀ—ਹੁਣ ਭੀ ਮੌਜੂਦ ਹੈਂ। ਨਿਧਾਰਾ—ਨਿਆਸਰਿਆਂ ਦਾ। ਦਾਸਰੋ—ਨਿੱਕਾ ਜਿਹਾ ਦਾਸ। ਨਿਰਗੁਨ—ਗੁਣ-ਹੀਨ। ਰਾਖਉ—ਰਾਖਉਂ, ਮੈਂ ਰੱਖਾਂਗਾ। ਹੀਐ—ਹਿਰਦੇ ਵਿਚ। 55।

ਅਰਥ:- ਪਉੜੀ:- ਹੇ ਨਾਨਕ! (ਅਰਦਾਸ ਕਰ ਤੇ ਆਖ—) ਹੇ ਕਦੇ ਨ ਡੋਲਣ ਵਾਲੇ ਪਰਮਾਤਮਾ ! ਹੇ ਨਾਸ-ਰਹਿਤ ਪ੍ਰਭੂ! ਹੇ ਜੀਵਾਂ ਦੇ ਪਾਪ ਨਾਸ ਕਰਨ ਵਾਲੇ! ਹੇ ਸਾਰੇ ਜੀਵਾਂ ਵਿਚ ਵਿਆਪਕ ਪੂਰਨ ਪ੍ਰਭੂ! ਹੇ ਜੀਵਾਂ ਦੇ ਦੁੱਖ ਦੂਰ ਕਰਨ ਵਾਲੇ ! ਹੇ ਗੁਣਾਂ ਦੇ ਖ਼ਜ਼ਾਨੇ ! ਹੇ ਸਭ ਦੇ ਸਾਥੀ ! (ਤੇ ਫਿਰ ਭੀ) ਆਕਾਰ-ਰਹਿਤ ਪ੍ਰਭੂ! ਹੇ ਮਾਇਆ ਦੇ ਪ੍ਰਭਾਵ ਤੋਂ ਵੱਖਰੇ ਰਹਿਣ ਵਾਲੇ! ਹੇ ਸਭ ਜੀਵਾਂ ਦੇ ਆਸਰੇ! ਹੇ ਸ੍ਰਿਸ਼ਟੀ ਦੀ ਸਾਰ ਲੈਣ ਵਾਲੇ! ਹੇ ਗੁਣਾਂ ਦੇ ਖ਼ਜ਼ਾਨੇ! ਜਿਸ ਦੇ ਅੰਦਰ ਪਰਖ ਕਰਨ ਦੀ ਤਾਕਤ ਸਦਾ ਕਾਇਮ ਹੈ! ਹੇ ਪਰੇ ਤੋਂ ਪਰੇ ਪ੍ਰਭੂ! ਤੂੰ ਹੁਣ ਭੀ ਮੌਜੂਦ ਹੈਂ, ਤੂੰ ਸਦਾ ਲਈ ਕਾਇਮ ਰਹਿਣ ਵਾਲਾ ਹੈਂ। ਹੇ ਸੰਤਾਂ ਦੇ ਸਦਾ ਸਹਾਈ! ਹੇ ਨਿਆਸਰਿਆਂ ਦੇ ਆਸਰੇ! ਹੇ ਸ੍ਰਿਸ਼ਟੀ ਦੇ ਪਾਲਕ! ਮੈਂ ਤੇਰਾ ਨਿੱਕਾ ਜਿਹਾ ਦਾਸ ਹਾਂ, ਮੈਂ ਗੁਣ-ਹੀਨ ਹਾਂ, ਮੇਰੇ ਵਿਚ ਕੋਈ ਗੁਣ ਨਹੀਂ ਹੈ। ਮੈਨੂੰ ਆਪਣੇ ਨਾਮ ਦਾ ਦਾਨ ਬਖ਼ਸ਼ , (ਇਹ ਦਾਨ) ਮੈਂ ਆਪਣੇ ਹਿਰਦੇ ਵਿਚ ਪ੍ਰੋ ਕੇ ਰੱਖਾਂ। 55।